# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 09-07-2024**

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਜੰਮੂ-ਕਸ਼ਮੀਰ 'ਚ ਹੋਏ ਅੱਤਵਾਦੀ ਹਮਲੇ ਵਿਚ ਪੰਜ ਭਾਰਤੀ ਜਵਾਨਾਂ ਦੇ ਵੀਰ ਗਤੀ ਪਾਉਣ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਏ । ਉਨ੍ਹਾਂ ਐਕਸ ਹੈਂਡਲ ਵਿੱਚ ਲਿਖਿਆ ਕਿ ਦੁਖੀ ਪਰਿਵਾਰਾਂ ਪ੍ਰਤੀ ਉਨਾਂ ਦੀ ਡੂੰਘੀ ਹਮਦਰਦੀ ਏ । ਰੱਖਿਆ ਮੰਤਰੀ ਨੇ ਕਿਹਾ ਕਿ ਇਸ ਔਖੀ ਘੜੀ ਵਿੱਚ ਰਾਸ਼ਟਰ ਉਨ੍ਹਾਂ ਨਾਲ ਮਜ਼ਬੂਤੀ ਨਾਲ ਖੜ੍ਹਾ ਏ ਤੇ ਅੱਤਵਾਦ ਵਿਰੋਧੀ ਮੁਹਿੰਮ ਚੱਲ ਰਹੀ ਅਤੇ ਸਾਡੀਆਂ ਫੌਜਾਂ ਖੇਤਰ ਵਿੱਚ ਸ਼ਾਂਤੀ ਤੇ ਵਿਵਸਥਾ ਬਣਾਈ ਰੱਖਣ ਲਈ ਵਚਨਬੱਧ ਨੇ । ਰਾਜਨਾਥ ਸਿੰਘ ਨੇ ਕਿਹਾ ਕਿ ਇਸ ਕਾਇਰਾਨਾ ਅੱਤਵਾਦੀ ਹਮਲੇ ਵਿੱਚ ਜ਼ਖਮੀ ਹੋਏ ਲੋਕਾਂ ਦੇ ਉਹ ਛੇਤੀ ਠੀਕ ਹੋਣ ਦੀ ਪ੍ਰਾਰਥਨਾ ਕਰਦੇ ਨੇ । ਜ਼ਿਕਰਯੋਗ ਏ ਕਿ ਇਹ ਘਟਨਾ ਕੱਲ੍ਹ ਦੁਪਹਿਰ ਕਰੀਬ ਸਾਢੇ ਤਿੰਨ ਵਜੇ

ਲੋਹਾਈ ਮਲਹਾਰ ਦੇ ਪਿੰਡ ਬਦਨੋਟਾ ਨੇੜੇ ਮਾਛੇੜੀ - ਕਿੰਡਲੀ- ਮਲਹਾਰ ਮਾਰਗ 'ਤੇ ਵਾਪਰੀ ਸੀ।

--------------------------------------------------

ਕੇਂਦਰੀ ਰੇਲਵੇ ਤੇ ਫੂਡ ਪ੍ਰੋਸੈਸਿੰਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕੱਲ੍ਹ ਚੰਡੀਗੜ੍ਹ ਵਿੱਚ ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਅਤੇ ਸਰਹੱਦੀ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਾਰੇ ਆਪਣੀਆਂ ਚਿੰਤਾਵਾਂ ਸਾਂਝੀਆਂ ਕੀਤੀਆਂ। ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਰਾਜਪਾਲ ਵੀ ਪੰਜਾਬ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਤੋਂ ਚਿੰਤਤ ਨੇ ਅਤੇ ਕੇਂਦਰ ਸਰਕਾਰ ਨੂੰ ਸੂਬੇ ਵਿੱਚ ਅਪਰਾਧਿਕ ਤੇ ਅੱਤਵਾਦੀ ਗਤੀਵਿਧੀਆਂ ਬਾਰੇ ਚਿੰਤਾਜਨਕ ਰਿਪੋਰਟਾਂ ਮਿਲ ਰਹੀਆਂ ਨੇ। ਉਨ੍ਹਾਂ ਕਿਹਾ ਕਿ ਮੌਜੂਦਾ 'ਆਪ' ਸਰਕਾਰ ਹਾਲਾਤ ਨੂੰ ਬਦ ਤੋਂ ਬਦਤਰ ਹੋਣ ਦੇ ਰਹੀ ਏ ਅਤੇ ਜਿਵੇਂ ਅਪਰਾਧੀ ਘੁੰਮ ਰਹੇ ਨੇ, ਉਸ ਨਾਲ ਆਮ ਨਾਗਰਿਕਾਂ ਦੀ ਸੁਰੱਖਿਆ ਨੂੰ ਭਾਰੀ ਖਤਰਾ ਏ। ਰਵਨੀਤ ਸਿੰਘ ਬਿੱਟੂ ਨੇ ਲੁਧਿਆਣਾ ਵਿਖੇ ਸ਼ਿਵ ਸੈਨਾ ਆਗੂ ਸੰਦੀਪ ਥਾਪਰ 'ਤੇ ਹੋਏ ਹਮਲੇ ਤੇ ਹੋਰ ਵੱਖ-ਵੱਖ ਸ਼ਹਿਰਾਂ 'ਚ ਹੋਈਆਂ

ਗੋਲੀਬਾਰੀ ਦੀਆਂ ਘਟਨਾਵਾਂ ਦਾ ਹਵਾਲਾ ਦਿੱਤਾ ਅਤੇ ਕਿਹਾ ਕਿ 'ਆਪ' ਸਰਕਾਰ ਵੱਲੋਂ ਜੇਲ੍ਹ ਵਿੱਚ ਬੰਦ ਗੈਂਗਸਟਰ ਦਲਜੀਤ ਸਿੰਘ ਭਾਨਾ ਨੂੰ ਮਿਲੀ ਪੈਰੋਲ ਸੂਬੇ ਦੀ ਮਸ਼ੀਨਰੀ ਦੇ ਅਪਰਾਧੀਆਂ ਦੀ ਹਮਾਇਤ ਦਾ ਸਬੂਤ ਏ । ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ 'ਆਪ' ਸਰਕਾਰ ਅਪਰਾਧ, ਭ੍ਰਿਸ਼ਟਾਚਾਰ, ਨਸ਼ਿਆਂ ਅਤੇ ਨਾਜਾਇਜ਼ ਮਾਈਨਿੰਗ 'ਤੇ ਕਾਬੂ ਨਹੀਂ ਪਾ ਸਕੀ ਏ । ਉਨ੍ਹਾਂ ਕਿਹਾ ਕਿ ਆਪ' ਨੇ ਪੰਜਾਬ ਦੇ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਧੋਖਾ ਕੀਤਾ ਏ । ਉਨ੍ਹਾਂ ਕਿਹਾ ਕਿ ਰਾਜਪਾਲ ਨੂੰ ਕੇਂਦਰੀ ਫੰਡਾਂ ਬਾਰੇ ਵੀ ਜਾਣੂ ਕਰਵਾਇਆ ਗਿਆ ਏ ਕਿ 'ਆਪ' ਸਰਕਾਰ ਕੇਂਦਰ ਵੱਲੋਂ ਆਰਡੀਐਫ, ਐਨਐਚਐਮ ਅਤੇ ਸਿੱਖਿਆ ਫੰਡ ਰੱਖਣ ਬਾਰੇ ਝੂਠ ਫੈਲਾ ਰਹੀ ਏ ।

---------------------------------------------------------------

ਜਸਟਿਸ ਸ਼ੀਲ ਨਾਗੂ ਨੇ ਅੱਜ ਸਵੇਰੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਸਹੁੰ ਚੁੱਕੀ । ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਚੰਡੀਗੜ੍ਹ ਦੇ ਪੰਜਾਬ ਰਾਜ ਭਵਨ ਵਿਖੇ ਜਸਟਿਸ ਸ਼ੀਲ ਨਾਗੂ ਨੂੰ ਸਹੁੰ ਚੁਕਾਈ । ਹਰਿਆਣਾ ਦੇ ਰਾਜਪਾਲ

ਬੰਡਾਰੂ ਦੱਤਾਤ੍ਰੇਅ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸਮੇਤ ਕਈ ਹੋਰ ਪਤਵੰਤੇ ਇਸ ਮੌਕੇ ਤੇ ਮੌਜੂਦ ਰਹੇ।

-------------------------------------------------------

ਜਲੰਧਰ ਪੱਛਮੀ ਰਾਖਵੇਂ ਹਲਕੇ ਦੀ ਜ਼ਿਮਨੀ ਚੋਣ ਲਈ ਭਲਕੇ ਦਸ ਜੁਲਾਈ ਨੂੰ ਹੋਣ ਵਾਲੀ ਪੋਲਿੰਗ ਲਈ ਸਾਰੀਆਂ ਤਿਆਰੀਆਂ ਮੁੱਕਮਲ ਕਰ ਲਈਆਂ ਗਈਆਂ ਨੇ। ਪੋਲਿੰਗ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਹੋਵੇਗੀ ਅਤੇ ਵੋਟਾਂ ਦੀ ਗਿਣਤੀ 13 ਜੁਲਾਈ ਨੂੰ ਕੀਤੀ ਜਾਵੇਗੀ । ਹਲਕੇ ਵਿਚ ਵੋਟਰਾਂ ਦੀ ਕੁੱਲ ਗਿਣਤੀ 1 ਲੱਖ 72 ਹਜ਼ਾਰ 20 ਏ, ਜਿਸ ਵਿੱਚ 82 ਹਜ਼ਾਰ 327 ਮਹਿਲਾ ਅਤੇ 89 ਹਜ਼ਾਰ 685 ਮਰਦ ਵੋਟਰ ਸ਼ਾਮਲ ਨੇ। ਇਸ ਤੋਂ ਇਲਾਵਾ 18-19 ਸਾਲ ਦੇ ਨੌਜਵਾਨ ਵੋਟਰਾਂ ਦੀ ਗਿਣਤੀ 5005 ਏ ਜਦਕਿ 873 ਦਿਵਿਆਂਗ ਵੋਟਰ ਅਤੇ 85 ਸਾਲ ਤੋਂ ਵੱਧ ਉਮਰ ਦੇ 746 ਵੋਟਰ ਨੇ। ਹਲਕੇ ਵਿੱਚ ਕੁੱਲ 181 ਪੋਲਿੰਗ ਸਟੇਸ਼ਨ ਸਥਾਪਤ ਕੀਤੇ ਗਏ ਨੇ। ਸਮੁਚੇ ਹਲਕੇ ਵਿਚ ਸੁਰੱਖਿਆ ਦੇ

ਸਖਤ ਇੰਤਜਾਮ ਕੀਤੇ ਗਏ ਨੇ ਅਤੇ ਵਾਧੂ ਗਿਣਤੀ ਵਿਚ ਸੁਰੱਖਿਆ ਬਲਾਂ ਦੀ ਤੈਨਾਤੀ ਕੀਤੀ ਗਈ ਏ।

------------------------------------------------------------

ਨੀਤੀ ਆਯੋਗ ਦੇ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਦੀ ਪਹਿਲ ਕਦਮੀ ਹੇਠ ਅੰਮ੍ਰਿਤਸਰ ਜ਼ਿਲੇ ਵਿਚ ਸੰਪੂਰਨਤਾ ਅਭਿਆਨ ਦਾ ਦੂਜਾ ਲਾਂਚ ਈਵੈਂਟ ਹਰਸ਼ਾ ਛੀਨਾ ਬਲਾਕ ਵਿਖੇ ਕਲ ਆਯੋਜਿਤ ਕੀਤਾ ਗਿਆ । ਸਮਾਗਮ ਦੇ ਨੋਡਲ ਅਫਸਰ ਤੇ ਸਹਾਇਕ ਕਮਿਸ਼ਨਰ ਸੋਨਮ ਅਤੇ ਨੀਤੀ ਆਯੋਗ ਦੇ ਅਧਿਕਾਰੀ ਵੀ ਇਸ ਦਾ ਹਿੱਸਾ ਬਣੇ। ਡਿਪਟੀ ਈ ਐਸ ਏ ਕੰਵਲਜੀਤ ਕੌਰ ਨੇ ਦੱਸਿਆ ਕਿ ਪੇਂਡੂ ਤੇ ਪਛੜੇ ਖੇਤਰਾਂ ਦੇ ਸਰਵਪੱਖੀ ਵਿਕਾਸ ਲਈ ਪ੍ਰਸ਼ਾਸਨ ਸਰਗਰਮੀ ਨਾਲ ਕੰਮ ਕਰ ਰਿਹਾ ਏ ਅਤੇ ਇਹ ਯਕੀਨੀ ਬਣਾ ਰਿਹਾ ਏ ਕਿ ਸਰਕਾਰੀ ਸਕੀਮਾਂ ਸਮਾਜ ਦੇ ਸਾਰੇ ਵਰਗਾਂ ਤੱਕ ਆਸਾਨੀ ਨਾਲ ਪੁੱਜਣ। ਸਹਾਇਕ ਕਮਿਸ਼ਨਰ ਸੋਨਮ ਅਤੇ ਹੋਰਨਾਂ ਅਧਿਕਾਰੀਆਂ ਨੇ ਪ੍ਰੋਗਰਾਮ ਬਾਰੇ ਵੇਰਵੇ ਸਾਂਝੇ ਕਰਦਿਆਂ ਕਿਹਾ।

***Byte***

ਇਸ ਮੌਕੇ ਬੀ ਪੀ ਅਤੇ ਸ਼ੂਗਰ ਦੀ ਜਾਂਚ ਲਈ ਮੈਡੀਕਲ ਕੈਂਪ ਲਗਾਇਆ ਗਿਆ ।

---------------------------------------------------------------------

ਪਵਿੱਤਰ ਸ਼੍ਰੀ ਅਮਰਨਾਥ ਗੁਫਾ ਲਈ 5 ਹਜ਼ਾਰ 433 ਸ਼ਰਧਾਲੂਆਂ ਦਾ ਇੱਕ ਹੋਰ ਜੱਥਾ ਅੱਜ ਸਵੇਰੇ ਜੰਮੂ ਦੇ ਭਗਵਤੀ ਨਗਰ ਯਾਤਰੀ ਨਿਵਾਸ ਆਧਾਰ ਕੈਂਪ ਤੋਂ ਕਸ਼ਮੀਰ ਘਾਟੀ ਲਈ ਰਵਾਨਾ ਹੋਇਆ । ਕਸ਼ਮੀਰ ਘਾਟੀ ਵਿੱਚ ਬਾਲਟਾਲ- ਸੋਨਮਰਗ ਅਤੇ ਨੁਨਵਾ- ਪਹਿਲਗਾਮ ਦੇ ਦੋ ਰੂਟਾਂ ਰਾਹੀਂ 29 ਜੂਨ ਨੂੰ ਸ਼ੁਰੂ ਹੋਈ ਇਸ ਯਾਤਰਾ ਤੋਂ ਬਾਅਦ ਪਿਛਲੇ ਦਸ ਦਿਨਾਂ ਦੌਰਾਨ ਦੋ ਲੱਖ ਸੱਤ ਹਜ਼ਾਰ ਤੋਂ ਵੱਧ ਸ਼ਰਧਾਲੂਆਂ ਨੇ ਪਵਿੱਤਰ ਗੁਫਾ ਦੇ ਦਰਸ਼ਨ ਕੀਤੇ ਨੇ । ਸ਼ਰਧਾਲੂਆਂ ਦੀ ਭੀੜ ਲਗਾਤਾਰ ਵੱਧ ਰਹੀ ਏ  ਕਿਉਂਕਿ ਰੋਜ਼ਾਨਾ ਹਜ਼ਾਰਾਂ ਸ਼ਰਧਾਲੂ ਦੋਵੇਂ ਰਸਤਿਆਂ ਦੇ ਨਾਲ - ਨਾਲ ਵਿਸ਼ੇਸ਼ ਹੈਲੀਕਾਪਟਰ ਸੇਵਾਵਾਂ ਰਾਹੀਂ ਪਵਿੱਤਰ ਗੁਫਾ ਤਕ ਪਹੁੰਚ ਰਹੇ ਨੇ ।